ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ ਨੇ ਕਿਹਾ ਕਿ ਕੁਝ ਲੋਕ ਜਾਣ ਬੁੱਝ ਕੇ ਗੁਰੂ ਘਰ ਦੇ ਪ੍ਰਬੰਧ ਨੂੰ ਬਦਨਾਮ ਕਰਨ 'ਤੇ ਤੁਲੇ ਹੋਏ ਹਨ, ਜਦਕਿ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕੀ ਕਾਰਜ ਬਿਲਕੁਲ ਪਾਰਦਰਸ਼ੀ ਢੰਗ ਨਾਲ ਕੀਤੇ ਜਾਂਦੇ ਹਨ। ਮਨਘੜਤ ਅਫਵਾਹਾਂ ਫੈਲਾਉਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਝੂਠੀ ਖਬਰ ਫੈਲਾਉਣ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੰਗਰ ਲਈ ਕੀਤੀ ਜਾਂਦੀ ਕਿਸੇ ਵੀ ਖਰੀਦ ਅਤੇ ਸ਼ਰਧਾਲੂਆਂ ਵੱਲੋਂ ਚੜ੍ਹਾਈ ਜਾਂਦੀ ਚੜ੍ਹਤ ਦਾ ਬਕਾਇਦਾ ਹਿਸਾਬ ਰੱਖਿਆ ਜਾਂਦਾ ਹੈ। ਸ਼ਰਧਾਲੂਆਂ ਦੀਆਂ ਰਸਦਾਂ ਦੀ ਉਨ੍ਹਾਂ ਨੂੰ ਰਸੀਦ ਦਿੱਤੀ ਜਾਂਦੀ ਹੈ ਅਤੇ ਵਸਤੂਆਂ ਸਟੋਰ ਵਿਚ ਦਰਜ਼ ਕੀਤੀਆਂ ਜਾਂਦੀਆਂ ਹਨ। ਪਰੰਤੂ ਕੁਝ ਸ਼ਰਾਰਤੀ ਕਿਸਮ ਦੇ ਲੋਕ ਗੁਰੂ ਘਰ ਦੇ ਪ੍ਰਬੰਧਾਂ ਬਾਰੇ ਜਾਣਬੁਝ ਭੰਡੀ ਪ੍ਰਚਾਰ ਕਰ ਰਹੇ ਹਨ। ਇਨ੍ਹਾਂ ਦੀ ਮਨਸ਼ਾ ਸੰਸਥਾ ਨੂੰ ਬਦਨਾਮ ਕਰਨ ਤੋਂ ਵੱਧ ਕੁਝ ਨਹੀਂ ਹੈ।

ਉਨ੍ਹਾਂ ਆਖਿਆ ਕਿ ਅੱਠ ਲੱਖ ਦੀਆਂ ਦਾਲਾਂ ਦੀ ਹੇਰਾਫੇਰੀ ਦੇ ਦੋਸ਼ ਕੋਰਾ ਝੂਠ ਹਨ। ਇਹ ਦੋਸ਼ ਸਿੱਖ ਕੌਮ ਦੀ ਮਹਾਨ ਸੰਸਥਾ ਸ਼੍ਰੋਮਣੀ ਕਮੇਟੀ ਅਤੇ ਪਾਵਨ ਅਸਥਾਨ ਸ੍ਰੀ ਦਰਬਾਰ ਸਾਹਿਬ ਦੀ ਆਭਾ ਨੂੰ ਠੇਸ ਪਹੁੰਚਾਉਣ ਦੀ ਕੋਝੀ ਹਰਕਤ ਹੈ। ਤੱਥ ਰਹਿਤ ਝੂਠੀਆਂ ਅਫਵਾਹਾਂ ਫੈਲਾਉਣ ਵਾਲਿਆਂ ਖਿਲਾਫ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧ ਵੱਲੋਂ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸ. ਮੁਖਤਾਰ ਸਿੰਘ ਕੇ ਕਿਹਾ ਕਿ ਜਦੋਂ ਤੋਂ ਵਿਸ਼ਵ ਵਿਆਪੀ ਕੋਰੋਨਾ ਮਹਾਮਾਰੀ ਕਾਰਨ ਤਾਲਾਬੰਦੀ ਹੋਈ ਹੈ, ਉਦੋਂ ਤੋਂ ਹੀ ਸ੍ਰੀ ਦਰਬਾਰ ਸਾਹਿਬ ਵੱਲੋਂ ਵੱਡੀ ਪੱਧਰ 'ਤੇ ਲੋੜਵੰਦਾਂ ਤੱਕ ਲੰਗਰ ਪਹੁੰਚਾਇਆ ਜਾਂਦਾ ਰਿਹਾ ਹੈ ਪਰੰਤੂ ਇਸ ਸਭ ਨੂੰ ਅੱਖੋਂ ਉਹਲੇ ਕਰਦਿਆਂ ਮੰਦ-ਭਾਵਨਾ ਨਾਲ ਗੁਰੂ ਘਰ ਦੇ ਪ੍ਰਬੰਧਾਂ ਨੂੰ ਭੰਡਣਾ ਠੀਕ ਨਹੀਂ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਅਜਿਹੀਆਂ ਮਨਘੜਤ ਅਫਵਾਹਾਂ 'ਤੇ ਇਤਬਾਰ ਨਾ ਕਰਨ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ ਤੇ ਸ. ਸੁਖਬੀਰ ਸਿੰਘ ਵੀ ਮੌਜੂਦ ਸਨ। ੨੮ ਜੂਨ

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਕਰਵਾਇਆ ਸਮਾਗਮ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਸਮੇਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਾਏ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਪ੍ਰੇਮ ਸਿੰਘ ਨੇ ਅਰਦਾਸ ਕੀਤੀ। ਸੰਗਤ ਨੂੰ ਪਾਵਨ ਹੁਕਮਨਾਮਾ ਸਰਵਣ ਕਰਵਾਉਣ ਤੋਂ ਬਾਅਦ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਮਹਾਰਾਜਾ ਰਣਜੀਤ ਸਿੰਘ ਦੇ ਜੀਵਨ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ਼ੇਰੇ ਪੰਜਾਬ ਨੇ ਆਪਣੀ ਦੂਰ ਅੰਦੇਸ਼ੀ ਨਾਲ ਸਿੱਖ ਰਾਜ ਕਾਇਮ ਕੀਤਾ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਆਪਣੇ ਰਾਜ ਵਿਚ ਹਰ ਧਰਮ ਦੇ ਲੋਕਾਂ ਦੀ ਮਦਦ ਕਰਦੇ ਸਨ ਅਤੇ ਸਭ ਨੂੰ ਧਾਰਮਿਕ ਅਜ਼ਾਦੀ ਦਾ ਅਧਿਕਾਰ ਪ੍ਰਾਪਤ ਸੀ। ਭਾਈ ਹਰਮਿੱਤਰ ਸਿੰਘ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਨੂੰ ਉਨ੍ਹਾਂ ਦੀ ਬਰਸੀ ਮੌਕੇ ਹਰ ਸਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਯਾਦ ਕਰਨਾ ਇਕ ਚੰਗਾ ਉੱਦਮ ਹੈ। ਉਨ੍ਹਾਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਅਪੀਲ ਵੀ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ, ਵਧੀਕ ਮੈਨੇਜਰ

ਸ. ਰਾਜਿੰਦਰ ਸਿੰਘ ਰੂਬੀ, ਸ. ਬਘੇਲ ਸਿੰਘ, ਸ. ਨਿਸ਼ਾਨ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ। ੨੮ ਜੂਨ

# ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਨਿਵਾਸ ਦੇ ਬਾਥਰੂਮਾਂ ਦੀ ਮੁਰੰਮਤ ਦਾ ਕਾਰਜ ਸ਼ੁਰੂ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਸ੍ਰੀ ਗੁਰੂ ਹਰਿਗੋਬਿੰਦ ਨਿਵਾਸ ਵਿਖੇ ਬਾਥਰੂਮਾਂ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਇਸ ਕਾਰਜ ਦੀ ਰਸਮੀ ਆਰੰਭਤਾ ਕੀਤੀ। ਭਾਈ ਲੌਂਗੋਵਾਲ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਪੁੱਜਦੀਆਂ ਸੰਗਤਾਂ ਦੀ ਰਿਹਾਇਸ਼ ਲਈ ਬਣੇ ਇਸ ਨਿਵਾਸ ਦੇ ਬਾਥਰੂਮ ਮੁਰੰਮਤ ਹੋਣ ਵਾਲੇ ਹਨ, ਕਿਉਂਕਿ ਇਹ ਨਿਵਾਸ ਲੰਮਾ ਸਮਾਂ ਪਹਿਲਾਂ ਬਣਿਆ ਸੀ। ਉਨ੍ਹਾਂ ਕਿਹਾ ਕਿ ਇਸ ਦੀ ਕਾਰ ਸੇਵਾ ਬਾਬਾ ਦਿਲਬਾਗ ਸਿੰਘ ਗੁਰਦੁਆਰਾ ਲੋਹ ਲੰਗਰ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੂੰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਨਵੀਨੀਕਰਨ ਕਰਨ ਉਪਰੰਤ ਜਲਦ ਹੀ ਇਹ ਸਰਾਂ ਵਿਚ ਫਿਰ ਸੰਗਤ ਨੂੰ ਸੇਵਾਵਾਂ ਦੇਣ ਲਈ ਤਿਆਰ ਹੋਵੇਗੀ। ਇਸ ਮੌਕੇ ਭਾਈ ਲੌਂਗੋਵਾਲ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਵੀ ਦਿੱਤੇ ਗਏ। ਇਸ ਸਮੇਂ ਹੋਰਨਾਂ ਤੋਂ ਇਲਾਵਾ ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਮੈਂਬਰ ਭਾਈ ਮਨਜੀਤ ਸਿੰਘ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵਡ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਸ. ਗੁਰਨਾਮ ਸਿੰਘ ਜੱਸਲ, ਸ. ਹਰਭਜਨ ਸਿੰਘ ਮਸਾਣਾਂ, ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੈਨੇਜਰ ਸ. ਮੁਖਤਾਰ ਸਿੰਘ ਚੀਮਾ, ਵਧੀਕ ਮੈਨੇਜਰ ਸ. ਨਰਿੰਦਰ ਸਿੰਘ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਕਾਰਸੇਵਾ ਵਾਲੇ ਬਾਬਾ ਜਰਨੈਲ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਅਮਰ ਸਿੰਘ ਬੜੋਲੀ, ਬਾਬਾ ਬਿੱਟੂ ਸਿੰਘ ਆਦਿ ਮੌਜੂਦ ਸਨ। ੩੦ ਜੂਨ

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਨਾਲ ਮਨਾਇਆ ਛੇਵੇਂ ਪਾਤਸ਼ਾਹ ਦਾ ਮੀਰੀ ਪੀਰੀ ਦਿਵਸ

ਅੰਮ੍ਰਿਤਸਰ- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਮੀਰੀ ਪੀਰੀ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਮਲਜੀਤ ਸਿੰਘ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ। ਪਾਵਨ ਹੁਕਮਨਾਮੇ ਮਗਰੋਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਮੀਰੀ ਪੀਰੀ ਦਿਹਾੜੇ ਦਾ ਇਤਿਹਾਸ ਸਾਂਝਾ ਕਰਦਿਆਂ ਸੰਗਤ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਣ

ਦੀ ਪ੍ਰੇਰਣਾ ਕੀਤੀ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਨੇ ਸਿੱਖ ਕੌਮ ਨੂੰ ਸ਼ਸਤਰ ਨਾਲ ਜੋੜਿਆ ਸੀ। ਸ਼ਸਤਰ ਸਾਨੂੰ ਸਵੈ-ਰੱਖਿਆ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਸਾਹਮਣੇ ਆਈ ਜਾਣਕਾਰੀ ਅਨੁਸਾਰ ਹਾਲ ਹੀ ਵਿਚ ਚੀਨ ਦੀ ਸਰਹੱਦ 'ਤੇ ਅੰਮ੍ਰਿਤਧਾਰੀ ਗੁਰਸਿੱਖ ਨੇ ਜਿਸ ਤਰ੍ਹਾਂ ਆਪਣੀ ਕਿਰਪਾਨ ਨਾਲ ਦੁਸ਼ਮਣ ਦਾ ਸਾਹਮਣਾ ਕੀਤਾ, ਉਹ ਸ਼ਸਤਰ ਦੀ ਮਹਾਨਤਾ ਨੂੰ ਬਾਖੂਬੀ ਦਰਸਾਉਂਦਾ ਹੈ। ਅੱਜ ਇਸ ਗੱਲ ਦੀ ਵੱਡੀ ਲੋੜ ਹੈ ਕਿ ਗੁਰੂ ਸਾਹਿਬ ਵੱਲੋਂ ਦਰਸਾਏ ਮੀਰੀ ਪੀਰੀ ਦੇ ਸਿਧਾਂਤ ਅਨੁਸਾਰ ਕੌਮ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਹੋਈਏ।

ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਮੀਰੀ ਪੀਰੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਅੱਜ ਦਾ ਦਿਨ ਸਿੱਖ ਕੌਮ ਲਈ ਖ਼ਾਸ ਹੈ, ਕਿਉਂਕਿ ਇਸ ਦਿਨ ਤਖ਼ਤ 'ਤੇ ਬਿਰਾਜਮਾਨ ਹੋ ਕੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ ਤੇ ਪੀਰੀ ਦੀਆਂ ਦੋ ਕਿਰਪਾਨਾਂ ਧਾਰਨ ਕੀਤੀਆਂ ਸਨ। ਉਨ੍ਹਾਂ ਕਿਹਾ ਕਿ ਕੌਮ ਨੂੰ ਆਪਣੀਆਂ ਰਵਾਇਤਾਂ ਤੇ ਪ੍ਰੰਪਰਾਵਾਂ 'ਤੇ ਪਹਿਰਾ ਦੇਣਾ ਚਾਹੀਦਾ ਹੈ।

ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੁਸ਼ੋਭਿਤ ਗੁਰੂ ਸਾਹਿਬ ਦੀਆਂ ਇਤਿਹਾਸਕ ਮੀਰੀ ਤੇ ਪੀਰੀ ਦੀਆਂ ਕਿਰਪਾਨਾਂ ਦੇ ਸੰਗਤ ਨੂੰ ਦਰਸ਼ਨ ਵੀ ਕਰਵਾਏ। ਇਸ ਮੌਕੇ ਸਿੰਘ ਸਾਹਿਬਾਨ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ ਗਏ। ਸਮਾਗਮ ਦੌਰਾਨ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਭੁਪਿੰਦਰ ਸਿੰਘ ਅਸੰਧ, ਮੈਂਬਰ ਭਾਈ ਰਾਮ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਪ੍ਰੀਤ ਸਿੰਘ ਝੱਬਰ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੁੱਖ ਗ੍ਰੰਥੀ ਭਾਈ ਮਲਕੀਤ ਸਿੰਘ, ਮੈਨੇਜਰ ਸ. ਮੁਖਤਾਰ ਸਿੰਘ ਚੀਮਾ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਅਟਾਰੀ, ਸ. ਬਘੇਲ ਸਿੰਘ, ਸ. ਨਿਸ਼ਾਨ ਸਿੰਘ, ਸ. ਸਤਨਾਮ ਸਿੰਘ ਮਾਗਾਸਰਾਏ, ਸ. ਪਰਮਜੀਤ ਸਿੰਘ, ਸ. ਸਤਪਾਲ ਸਿੰਘ ਢੱਡੇ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

੩੦ ਜੂਨ

# ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਸੰਗਤਾਂ ਵੱਲੋਂ ਰਸਦਾਂ ਭੇਜਣਾਂ ਨਿਰੰਤਰ ਜਾਰੀ

ਅੰਮ੍ਰਿਤਸਰ- ਸ੍ਰੀ ਗੁਰੂ ਰਾਮਦਾਸ ਜੀ ਲੰਗਰ ਲਈ ਸੰਗਤਾਂ ਵੱਲੋਂ ਰਸਦਾਂ ਭੇਜਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਵੱਡੀ ਪੱਧਰ 'ਤੇ ਸੰਗਤਾਂ ਕਣਕ ਸਮੇਤ ਹੋਰ ਰਸਦਾਂ ਅਤੇ ਮਾਇਆ ਭੇਟ ਕਰਕੇ ਸ਼ਰਧਾ ਪ੍ਰਗਟਾ ਰਹੀਆਂ ਹਨ। ਗੁਰੂ ਘਰ ਦੇ ਸ਼ਰਧਾਲੂ ਲੰਗਰਾਂ ਲਈ ਆਪਣੀ ਸਮਰੱਥਾ ਅਨੁਸਾਰ ਸੇਵਾਵਾਂ ਕਰ ਰਹੇ ਹਨ। ਵੱਡੀ ਪੱਧਰ 'ਤੇ ਜਿਥੇ ਸੰਗਤਾਂ ਵੱਲੋਂ ਕਣਕ ਅਤੇ ਹੋਰ ਰਸਦਾਂ ਭੇਜੀਆਂ ਜਾ ਰਹੀਆਂ ਹਨ, ਉਥੇ ਹੀ ਸੰਗਤਾਂ ਮਾਇਆ ਵੀ ਭੇਜ ਰਹੀਆਂ ਹਨ। ਇਸੇ ਤਹਿਤ ਬਾਬਾ ਜੀਤ ਸਿੰਘ ਨਿਰਮਲ ਕੁਟੀਆਂ ਜੌਹਲਾਂ ਵੱਲੋਂ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ੩੧ ਹਜ਼ਾਰ ੫੦੦ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ ਹੈ। ਇਨ੍ਹਾਂ ਵੱਲੋਂ ਇਸ ਤੋਂ ਪਹਿਲਾਂ ਵੀ ਲੰਗਰ ਲਈ ਕਣਕ ਅਤੇ ਮਾਇਆ ਭੇਜੀ ਗਈ ਸੀ। ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ ਅਤੇ ਬਾਬਾ ਜੀਤ ਸਿੰਘ ਜੌਹਲਾਂ ਵਾਲਿਆਂ ਨੂੰ ਮਾਇਆ ਭੇਟ ਕਰਨ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ

ਚੀਮਾ ਨੇ ਸਨਮਾਨਿਤ ਕੀਤਾ।

ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਵੱਲੋਂ ਵੀ ਲੰਗਰ ਸ੍ਰੀ ਗੁਰੂ ਰਾਮਦਾਸ ਲਈ ੫੫੦ ਕੁਇੰਟਲ ੯੦ ਕਿੱਲੋ ਕਣਕ ਭੇਟ ਕੀਤੀ ਗਈ। ਕਣਕ ਦੀ ਸੇਵਾ ਸ. ਗੁਰਮੀਤ ਸਿੰਘ ਪ੍ਰਧਾਨ, ਸ. ਸਤਨਾਮ ਸਿੰਘ ਟਾਹਲੀ ਚੇਅਰਮੈਨ, ਸ. ਰਘਬੀਰ ਸਿੰਘ ਸੁਭਾਨਪੁਰ, ਸ. ਹਿੰਮਤ ਸਿੰਘ ਸਰਪੰਚ, ਸ. ਮਹਿੰਦਰ ਸਿੰਘ, ਸ. ਬਲਦੇਵ ਸਿੰਘ, ਸ. ਪ੍ਰਤੀਮ ਸਿੰਘ ਗਿਲਜੀਆਂ, ਸ. ਗਰੀਬ ਸਿੰਘ ਕਾਲੀ, ਸ. ਜੇ.ਪੀ. ਸਿੰਘ ਸੋਨੀ, ਸ. ਰਘਬੀਰ ਸਿੰਘ ਬੱਬੀ, ਸ. ਦਲੀਪ ਸਿੰਘ, ਸ. ਜਸਵਿੰਦਰ ਸਿੰਘ ਕੈਸ਼ੀਅਰ, ਸ. ਸੁਖਜਿੰਦਰ ਸਿੰਘ ਰਿੰਪੀ ਅਤੇ ਮਾਸਟਰ ਮਹਿੰਦਰ ਸਿੰਘ ਨੇ ਕੀਤੀ ਹੈ। ਕਣਕ ਲੈ ਕੇ ਪੁੱਜੀਆਂ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਨਮਾਨਿਤ ਕੀਤਾ ਗਿਆ।

ਇਸੇ ਤਰ੍ਹਾਂ ਹਲਕਾ ਕਾਦੀਆਂ ਤੋਂ ਸ. ਕਵਲਪ੍ਰੀਤ ਸਿੰਘ ਕਾਕੀ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਕਿਸਾਨਵਿੰਗ ਸ਼੍ਰੋਮਣੀ ਅਕਾਲੀ ਦਲ, ਸ. ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬੀਬੀ ਸ਼ਰਨਜੀਤ ਕੌਰ ਜੀਂਦੜ ਜ਼ਿਲ੍ਹਾ ਪ੍ਰਧਾਨ ਇਸਤਰੀ ਅਕਾਲੀ ਦਲ ਗੁਰਦਾਸਪੁਰ, ਸ. ਰਤਨ ਸਿੰਘ ਜ਼ਫ਼ਰਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਈ ਵਿਚ ਸੰਗਤਾਂ ੧੫੨ ਕੁਇੰਟਲ ੯੦ ਕਿਲੋ ਕਣਕ ਲੈ ਕੇ ਪੁੱਜੀਆਂ। ਕਣਕ ਲੈ ਕੇ ਪੁੱਜੀਆਂ ਸੰਗਤਾਂ ਨੂੰ ਸਕੱਤਰ ਸ. ਮਨਜੀਤ ਸਿੰਘ ਬਾਠ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ ਤੇ ਵਧੀਕ ਮੈਨੇਜਰ ਸ. ਸੁਖਬੀਰ ਸਿੰਘ ਨੇ ਸਿਰੋਪਾਓ ਤੇ ਸ੍ਰੀ ਦਰਬਾਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਸ੍ਰੀ ਕਲਿਆਣ ਸੇਨ ਕਲੱਕਤਾ ਵੱਲੋਂ ਵੀ ਸ੍ਰੀ ਦਰਬਾਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ੫੧ ਹਜ਼ਾਰ ਰੁਪਏ ਭੇਟ ਕੀਤੇ ਗਏ। ਸ. ਰਣਜੀਤ ਸਿੰਘ ਰਾਣਾ ਰਾਹੀਂ ਇਸ ਰਾਸ਼ੀ ਦਾ ਚੈੱਕ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ ਨੂੰ ਸੌਂਪਿਆ।

ਲੰਗਰ ਸੇਵਾ ਤਹਿਤ ਲੁਧਿਆਣਾ ਦੇ ਗੁਰਮੇਲ ਪਰਿਵਾਰ ਵੱਲੋਂ ੧੨੫ ਕੁਇੰਟਲ ਦਾਲ ਭੇਟਾ ਕੀਤੀ ਗਈ, ਜਦਕਿ ਹਲਕਾ ਖਰੜ ਦੀ ਸੰਗਤ ਵੱਲੋਂ ਵੀ ਸ. ਰਣਜੀਤ ਸਿੰਘ ਗਿੱਲ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਚਰਨਜੀਤ ਸਿੰਘ ਕਾਲੇਵਾਲ ਦੀ ਅਗਵਾਈ ਵਿਚ ੨੦੧ ਕੁਇੰਟਲ ਕਣਕ ਅਤੇ ਇੱਕ ਕੁਇੰਟਲ ਦਾਲ ਦੀ ਸੇਵਾ ਭੇਜੀ ਗਈ। ਇਸੇ ਦੌਰਾਨ ਹੀ ਧਰਮ ਪ੍ਰਚਾਰ ਕਮੇਟੀ ਦੇ ਯੂ.ਪੀ. ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਅਤੇ ਸਮੂਹ ਮੁਲਾਜ਼ਮਾਂ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਲੰਗਰ ਲਈ ੬੮੩੦੦ ਰੁਪਏ ਭੇਟ ਕੀਤੇ ਗਏ। ਇਸ ਤੋਂ ਇਲਾਵਾ ਪਟਿਆਲਾ ਤੋਂ ਸ. ਸੁਰਜੀਤ ਸਿੰਘ ਕੋਹਲੀ ਅਤੇ ਸ. ਇੰਦਰਮੋਹਣ ਸਿੰਘ ਬਜਾਜ ਵੱਲੋਂ ਵੀ ਲੰਗਰ ਲਈ ੧੧੫ ਕੁਇੰਟਲ ਦਾਲ ਭੇਜੀ ਗਈ। ਇਸੇ ਤਰ੍ਹਾਂ ਆਦਮਪੁਰ ਦੇ ਵਿਧਾਇਕ ਸ੍ਰੀ ਪਵਨ ਕੁਮਾਰ ਟੀਨੂ ਦੀ ਪ੍ਰੇਰਣਾ ਨਾਲ ਹਲਕੇ ਦੀਆਂ ਸੰਗਤਾਂ ਵੱਲੋਂ ੧੧੩ ਕੁਇੰਟਲ ਕਣਕ ਅਤੇ ੨੫ ਕੁਇੰਟਲ ਦਾਲ ਦੀ ਸੇਵਾ ਕੀਤੀ ਗਈ। ਲੰਗਰ ਲਈ ਰਸਦਾਂ ਲੈ ਕੇ ਪੁੱਜੇ ਸ. ਸੁਰਿੰਦਰ ਸਿੰਘ ਚਾਹਲ ਮੈਂਬਰ ਬਲਾਕ ਸੰਮਤੀ, ਸ. ਚਰਨਜੀਤ ਸਿੰਘ ਨਰਵਾਲ, ਸ. ਸੁਖਜੀਤ ਸਿੰਘ ਲੰਬੜ, ਸ. ਅੰਮ੍ਰਿਤਪਾਲ ਸਿੰਘ ਲਾਲੀ, ਸ. ਪ੍ਰਕਾਸ਼ਦੀਪ ਸਿੰਘ ਭਲਵਾਨ, ਸ. ਜਸਲੀਨ ਸਿੰਘ ਤੇ ਸ. ਜਗਰੂਪ ਸਿੰਘ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿੱਜੀ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਤੇ ਵਧੀਕ ਮੈਨੇਜਰ ਸ. ਸੁਖਬੀਰ ਸਿੰਘ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਜ਼ਿਲ੍ਹਾ ਰੋਪੜ ਦੇ ਪਿੰਡ ਢਾਹੇ ਤੋਂ ਜਥੇਦਾਰ ਮੋਹਨ ਸਿੰਘ ਢਾਹੇ ਵੱਲੋਂ ਵੀ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ੨੧ ਹਜ਼ਾਰ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ। ਹਲਕਾ ਬਲਾਚੌਰ ਦੀ ਸੰਗਤ ਵੱਲੋਂ ਵੀ ਇੱਕ ਟਰੱਕ ਕਣਕ ਭੇਟ ਕੀਤੀ ਗਈ। ਹਲਕੇ ਵੱਲੋਂ ਸ੍ਰੀਮਤੀ

ਸੁਨੀਤਾ ਚੌਧਰੀ ਦੀ ਅਗਵਾਈ ਵਿਚ ਇਹ ਕਣਕ ਇਕੱਤਰ ਕਰ ਕੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਲਿਆਂਦੀ ਗਈ।

ਸ਼੍ਰੋਮਣੀ ਅਕਾਲੀ ਦਲ ਦੇ ਲੁਧਿਆਣਾ ਸ਼ਹਿਰੀ ਜਥੇ ਵੱਲੋਂ ਵੀ ਗੁਰੂ ਕੇ ਲੰਗਰਾਂ ਲਈ ੧੫੦ ਕੁਇੰਟਲ ਦਾਲ ਅਤੇ ਹੋਰ ਰਸਦਾਂ ਭੇਟ ਕੀਤੀਆਂ ਗਈਆਂ। ਸੰਗਤਾਂ ਨਾਲ ਦਾਲ ਲੈ ਕੇ ਪੁੱਜੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਸ. ਮਹੇਸ਼ਇੰਦਰ ਸਿੰਘ ਗਰੇਵਾਲ ਨੇ ਕਿਹਾ ਕਿ ਇਹ ਸੇਵਾ ਲੁਧਿਆਣਾ ਸ਼ਹਿਰੀ ਦੀ ਸਮੁੱਚੇ ਅਕਾਲੀ ਆਗੂਆਂ ਦੇ ਸਾਝੇ ਯਤਨਾਂ ਅਤੇ ਸੰਗਤ ਦੇ ਸਹਿਯੋਗ ਨਾਲ ਕੀਤੀ ਗਈ ਹੈ। ਰਸਦਾਂ ਲੈ ਕੇ ਪੁੱਜੇ ਸ. ਮਹੇਸ਼ਇੰਦਰ ਸਿੰਘ ਗਰੇਵਾਲ ਤੇ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ।

ਇਸੇ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੇ ਹਲਕਾ ਕਾਦੀਆਂ ਅਤੇ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਦੀਆਂ ਸੰਗਤਾਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਲੰਗਰ ਲਈ ਆਟਾ, ਕਣਕ, ਖੰਡ, ਘਿਓ, ਦਾਲਾਂ ਅਤੇ ਹੋਰ ਰਸਦਾਂ ਲੈ ਕੇ ਪਹੁੰਚੀਆਂ। ਸੀਨੀਅਰ ਅਕਾਲੀ ਆਗੂ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਅਤੇ ਸ. ਕੰਵਲਪ੍ਰੀਤ ਸਿੰਘ ਕਾਕੀ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਦੀ ਅਗਵਾਈ ਵਿਚ ਪਹੁੰਚੀਆਂ ਸੰਗਤਾਂ ਵੱਲੋਂ ਇੱਕ ਲੱਖ ਰੁਪਏ ਨਗਦ ਰਾਸ਼ੀ ਵੀ ਭੇਟ ਕੀਤੀ ਗਈ। ਰਸਦਾਂ ਲੈ ਕੇ ਪਹੁੰਚੀਆਂ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਅਤੇ ਐਡੀ. ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਸਨਮਾਨਿਤ ਕੀਤਾ। ਜ਼ਿਕਰਯੋਗ ਹੈ ਕਿ ਹਲਕਾ ਕਾਦੀਆਂ ਦੀਆਂ ਸੰਗਤਾਂ ਵੱਲੋਂ ਪਹਿਲਾ ਵੀ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਲਈ ਰਸਦਾਂ ਭੇਟ ਕੀਤੀਆਂ ਗਈਆਂ ਸਨ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਪ੍ਰਗਟਾਉਂਦਿਆਂ ਹਲਕਾ ਖਡੂਰ ਸਾਹਿਬ ਦੀ ਸੰਗਤ ਵੱਲੋਂ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ੪੫੦ ਕੁਇੰਟਲ ਕਣਕ ਭੇਟ ਕੀਤੀ ਗਈ ਹੈ। ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ ਅਤੇ ਬੀਬੀ ਰੁਪਿੰਦਰ ਕੌਰ ਦੀ ਪ੍ਰੇਰਣਾ ਅਤੇ ਯਤਨਾਂ ਨਾਲ ਸੰਗਤਾਂ ਵੱਲੋਂ ਕਣਕ ਦੀ ਇਸ ਸੇਵਾ ਵਿਚ ਸਾਂਝੇ ਤੌਰ 'ਤੇ ਹਿੱਸਾ ਪਾਇਆ ਗਿਆ ਹੈ। ਕਣਕ ਲੈ ਕੇ ਪਹੁੰਚੀਆਂ ਸੰਗਤਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕੀਤਾ। ਇਸੇ ਦੌਰਾਨ ਹਲਕਾ ਸ਼ਾਮ ਚੌਰਾਸੀ ਤੋਂ ਬੀਬੀ ਮਹਿੰਦਰ ਕੌਰ ਜੋਸ਼ ਵੱਲੋਂ ੭ ਕੁਇੰਟਲ ੩੦ ਕਿਲੋ ਦਾਲ ਲੰਗਰ ਲਈ ਭੇਟ ਕੀਤੀ ਗਈ। ਉਨ੍ਹਾਂ ਦਾ ਧੰਨਵਾਦ ਕਰਦਿਆਂ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਕਾਰਸੇਵਾ ਸੰਪਰਦਾ ਬਾਬਾ ਹਰਬੰਸ ਸਿੰਘ ਦਿੱਲੀ ਵਾਲਿਆਂ ਵੱਲੋਂ ਬਾਬਾ ਬਚਨ ਸਿੰਘ ਤੇ ਬਾਬਾ ਮਹਿੰਦਰ ਸਿੰਘ ਨੇ ਦਿੱਲੀ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਲੰਗਰ ਲਈ ੬੦ ਕੁਇੰਟਲ ਆਟਾ ਭੇਟ ਕੀਤਾ। ਇਹ ਸੇਵਾ ਲੈ ਕੇ ਪੁੱਜੇ ਦਿੱਲੀ ਨਿਵਾਸੀ ਭਾਈ ਹਰਪ੍ਰੀਤ ਸਿੰਘ ਹੈਪੀ ਨੂੰ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਖ਼ਾਲਸਾ ਕਾਲਜ ਗੜ੍ਹਦੀਵਾਲਾ (ਹੁਸ਼ਿਆਰਪੁਰ) ਦੇ ਪ੍ਰਿੰਸੀਪਲ ਡਾ. ਸਤਵਿੰਦਰ ਸਿੰਘ ਵੱਲੋਂ ਵੀ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ੨੧ ਹਜ਼ਾਰ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ। ਉਨ੍ਹਾਂ ਇਸ ਰਾਸ਼ੀ ਦਾ ਚੈੱਕ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਅਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੂੰ ਸੌਂਪਿਆ। ਇਸ ਦੌਰਾਨ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਜਿਥੇ ਡਾ. ਸਤਵਿੰਦਰ ਸਿੰਘ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ, ਉਥੇ ਹੀ ਲੰਗਰ ਲਈ ਮਾਇਆ ਭੇਟ ਕਰਨ 'ਤੇ ਧੰਨਵਾਦ ਕੀਤਾ। ■

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ॥

ਹਿਸਾਬ-ਕਿਤਾਬ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਅਪ੍ਰੈਲ ੨੦੨੦

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ਸਸਪੈਂਸ | ੫ | 0.00 | ੮੯੭੫੭੬੮੩੮.00 |
| ੨ | ਧਾਰਮਿਕ ਫੰਡ ੮੫ | ੭ | ੮0੫੭0੯੫੭੭.00 | 0.00 |
| ੩ | ਧਾਰਮਿਕ ਫੰਡ ੮੭ | ੭੯ | ੯੧੮੬੭੨੬੧.00 | 0.00 |
| ੪ | ਸੂਦ ਬੈਂਕਾਂ | ੧੪੭ | 0.00 | ੧੮੪0੩੩੭੨.00 |
| ੫ | ਧਾਰਮਿਕ ਪ੍ਰੀਖਿਆ ਵਜੀਫੇ | ੧੬੧ | ੬੧੮੭੧੮.00 | 0.00 |
| ੬ | ਪੱਤਰ ਵਿਹਾਰ ਕੋਰਸ ਤੇ ਖੋਜ ਕੇਂਦਰ | ੨0੧ | ੨੩੫00੯.00 | 0.00 |
| ੭ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੨੧ | ੯0੭੮੧੨.00 | 0.00 |
| ੮ | ਗੁਰਮਤਿ ਗਿਆਨ ਹਿੰਦੀ | ੨੫੭ | ੪੯0੪0.00 | 0.00 |
| ੯ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੭੭ | ੪0੨੫੮੭.00 | 0.00 |
| ੧0 | ਕਿਰਾ: ਦੁਕਾਨਾਂ ਤੇ ਫਲੈਟਸ ਸਿੱਖ ਮਿਸ਼ਨ ਹਰਿਆਣਾ | ੩0੩ | ੪੪੭੪੩੨.00 | 0.00 |
| ੧੧ | ਜਾਇਦਾਦ ਕਿਰਾਇਆ ਸਿੱਖ ਮਿਸ਼ਨ ਹਰਿਆਣਾ | ੩0੯ | 0.00 | ੪੪੭੪੩੨.00 |
| ੧੨ | ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੩੧੨ | ੨੬੬੫੪੭.00 | ੩੯੮੧੯.00 |
| ੧੩ | ਜਾਇਦਾਦ ਯੂ.ਪੀ. ਸਿੱਖ ਮਿਸ਼ਨ ਹਾਪੜ | ੩੧੭ | 0.00 | ੨੬੬੫੪੭.00 |
| ੧੪ | ਤਨਖ਼ਾਹ ਸਟਾਫ ਦਫ਼ਤਰ | ੩੪੯ | ੪੧੧0੧੪੪.00 | 0.00 |
| ੧੫ | ਤਨਖ਼ਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੫੭ | ੬੮੮੫੧੭.00 | 0.00 |
| ੧੬ | ਤਨਖ਼ਾਹ ਤੇ ਸਫ਼ਰ ਖ਼ਰਚ ਅਲਾਊਂਸ ਡਰਾਈਵਰਜ਼ | ੩੬੩ | ੮੨0੭੭੫.00 | 0.00 |
| ੧੭ | ਤਨਖ਼ਾਹ ਧਾਰਮਿਕ ਟੀਚਰ | ੩੭੭ | ੧0੪੮੭੧੩.00 | 0.00 |
| ੧੮ | ਫਿਲਮਾਂ ਰਾਹੀਂ ਪ੍ਰਚਾਰ (ਤਨਖ਼ਾਹ ਫਿਲਮ ਉਪਰੇ: , ਮੁੰਰ: ਤੇ ਸ:ਖ: ਆਦਿ) | ੩੯੫ | ੧੮੭੯੩੮.00 | 0.00 |
| ੧੯ | ਟੈਲੀਫੋਨ | ੪੫੫ | ੧੧0੮.00 | 0.00 |
| ੨0 | ਮੁਰੰਮਤ ਕੰਪਿਊਟਰ ਅਤੇ ਪ੍ਰਿੰਟਰ ਆਦਿ | ੪੭੯ | ੧0੯0.00 | 0.00 |
| ੨੧ | ਬੀਮਾ ਪੇਸ਼ਗੀ ਮੁਲਾਜ਼ਮਾਂ ਮੈਡੀਕਲੇਮ | ੫੬੩ | 0.00 | ੩੬੬੮.00 |
| ੨੨ | ਸ਼ਤਾਬਦੀਆਂ ਸਮਾਰੋਹ | ੫੭੯ | ੧੨੬੭੨੪.00 | 0.00 |
| ੨੩ | ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੋਹੜ | ੬੮੧ | ੮੨੬੬੧੪.00 | ੩੨0੫੭.00 |
| ੨੪ | ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ਼, ਗੁਰੂ ਕੀ ਵਡਾਲੀ | ੬੯੭ | ੧੫੪੧੮0.00 | 0.00 |
| ੨੫ | ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੭0੭ | ੪੮੯੫0੭.00 | ੨੬੨੬੨.00 |
| ੨੬ | ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ | ੭੨੧ | ੧੨੧੬੮੪.00 | ੨੫੬੫.00 |
| ੨੭ | ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੭੩੩ | ੧੨੯੪੫੧.00 | 0.00 |
| ੨੮ | ਗੁਰ:ਸੰਗੀਤ ਵਿਦਿਆਲੇ: (ਬਾਦੀਆਂ, ਮੁਕਤਸਰ ਸਾਹਿਬ, ਭੂਰਾ ਕੋਹਨਾ, ਕਾਲਾਮਾਲਾ ਸੰਗਰੂਰ ) ਤਨ:, ਸ:ਖ: ਤੇ ਫੁਟ:ਆਦਿ | ੭੫੭ | ੩੫੭੬੪੭.00 | 0.00 |
| ੨੯ | ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ | | | |

| | | | | |
|---|---|---|---|---|
| ੫੧ | ਪੇਸ਼ਗੀ ਤਨਖ਼ਾਹ | ੨੨੩੫ | ੨੦੦੦੦.੦੦ | ੦.੦੦ |
| ੫੨ | ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੨੩੦੯ | ੦.੦੦ | ੧੩੩੨੬੨.੦੦ |
| ੫੩ | ਅਮਾਨਤ ਕਿਰਾਇਆ ਰੌਸ਼ਨੀ ਗੁ:ਮੰਜੀ ਸਾਹਿਬ ਆਲਮਗੀਰ | ੨੩੨੫ | ੦.੦੦ | ੮੬੪.੦੦ |
| ੫੪ | ਅਮਾਨਤ ਕਿਰਾਇਆ ਸ੍ਰੀ ਫਤਹਿਗੜ੍ਹ ਸਾਹਿਬ | ੨੩੨੯ | ੦.੦੦ | ੫੯੮੨.੦੦ |
| ੫੫ | ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੨੩੩੫ | ੦.੦੦ | ੨੨੫੮੬.੦੦ |
| ੫੬ | ਅਮਾਨਤ ਸ਼੍ਰੋਮਣੀ ਕਮੇਟੀ | ੨੩੪੩ | ੦.੦੦ | ੨੬੨੫੯.੦੦ |
| ੫੭ | ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ (ਗੁ:ਸ੍ਰੀ ਮੋਤੀ ਬਾਗ) ਪਟਿਆਲਾ | ੨੩੬੧ | ੦.੦੦ | ੧੨੯੯.੦੦ |
| ੫੮ | ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ੨੩੬੩ | ੦.੦੦ | ੧੬੬੧.੦੦ |
| ੫੯ | ਪ੍ਰੋ: ਫੰਡ ਸਟਾਫ਼ | ੨੩੭੨ | ੩੬੭੦੧੯੪.੦੦ | ੩੬੭੦੧੯੪.੦੦ |
| ੬੦ | ਜਮਾਨਤਾਂ ਮੁਲਾਜ਼ਮਾਂ | ੨੪੦੫ | ੪੧੫੫੮.੦੦ | ੦.੦੦ |
| ੬੧ | ਸੇਫ਼ ਖਾਤਾ | ੨੫੦੧ | ੦.੦੦ | ੬੦੦੦੦੦.੦੦ |
| ੬੨ | S.B a/c no.੬੫੦੩੮੬੦੦੪੯੦ SBI, ਬਾਗ ਜਲਿਆਂਵਾਲਾ, ਅੰਮ੍ਰਿਤਸਰ | ੨੫੧੪ | ੫੦੦੭੧੯੧੮.੦੦ | ੧੪੬੪੯੯੪੬.੦੦ |
| ੬੩ | F.D. a/c SB1, ਬਾਗ ਜਲਿਆਂਵਾਲਾ, ਅੰਮ੍ਰਿਤਸਰ | ੨੫੮੩ | ੦.੦੦ | ੫੦੦੦੦੦੦੦.੦੦ |
| ੬੪ | S.B. a/c no.੭੪੭੯੦੦੦/੦੦੦੦੮੭੩੨ PNB, ਸਰਾਂਏ, ਅੰਮ੍ਰਿਤਸਰ | ੨੬੦੫ | ੦.੦੦ | ੫੧੫੧੦.੦੦ |
| ੬੫ | S.B. a/c no.੧੩੧੩੧੦੦੦੦੧੭੯੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ | ੨੬੪੮ | ੨੬੩੨੦੮੪੧੭.੦੦ | ੨੪੯੪੭੩੦੨੪.੦੦ |
| ੬੬ | F.D. a/c HDFC, ਗੋਲਡਨ ਟੈਂਪਲ, ਅੰਮ੍ਰਿਤਸਰ | ੨੭੧੧ | ੨੪੩੧੭੫੬੩੦.੦੦ | ੨੪੫੦੦੦੦੦੦.੦੦ |
| ੬੭ | S.B. a/c no.੨੪੮੦ PSB, ਸਰਾਂਏ ਅੰਮ੍ਰਿਤਸਰ | ੨੭੧੭ | ੧੫੦੨੪੪੫੨.੦੦ | ੩੬੭੦੧੯੪.੦੦ |
| ੬੮ | F.d. a/c ਸਰਾਂਏ ਅੰਮ੍ਰਿਤਸਰ | ੨੭੯੭ | ੦.੦੦ | ੧੫੦੦੦੦੦੦.੦੦ |
| ੬੯ | S.B. a/c no.੯੧੧੦੧੦੦੩੦੩੭੪੬੭੨ Axis Bank, ਕੋਰਟ ਰੋਡ, ਅੰਮ੍ਰਿਤਸਰ | ੨੮੯੪ | ੫੦੦੮੨੧੯੨.੦੦ | ੦.੦੦ |
| ੭੦ | ਮਿਆਦੀ ਹਿਸਾਬ ਐਕਸਿਸ ਬੈਂਕ ਕੋਰਟ ਰੋਡ ਅੰਮ੍ਰਿਤਸਰ | ੨੯੦੫ | ੦.੦੦ | ੫੦੦੦੦੦੦੦.੦੦ |
| ੭੧ | S.B. a/c No ੦੮੧੧੬੫੫੬੪੨ ਕੋਟਿਕ ਮਹਿੰਦਰਾ ਬੈਂਕ ਮਾਲ ਰੋਡ | ੨੯੧੦ | ੧੦੦੧੬੩੯੩.੦੦ | ੦.੦੦ |
| ੭੨ | F.D. a/c ਕੋਟਿਕ ਮਹਿੰਦਰਾ ਬੈਂਕ ਮਾਲ ਰੋਡ | ੨੯੧੩ | ੦.੦੦ | ੧੦੦੦੦੦੦੦.੦੦ |
| | | ਜੋੜ :- | ੧੫੫੮੬੬੬੭੭੧.੦੦ | ੧੫੫੯੨੪੧੯੩੪.੦੦ |
| | | ਹੱਥ ਦੀ ਬਾਕੀ :- | ੫੭੫੧੬੩.੦੦ | ੦.੦੦ |
| | | ਕੁੱਲ ਜੋੜ :- | ੧੫੫੯੨੪੧੯੩੪.੦੦ | ੧੫੫੯੨੪੧੯੩੪.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਸਕੱਤਰ,

ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖ਼ਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਮਈ ੨੦੨੦

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੭ | ੭੯ | ੦.੦੦ | ੪੧੮੦੦੦.੦੦ |
| ੨ | ਪ੍ਰਚਾਰ ਸਹਾਇਤਾ | ੧੦੫ | ੦.੦੦ | ੨੫੦.੦੦ |
| ੩ | ਸੂਦ ਬੈਂਕਾਂ | ੧੪੭ | ੦.੦੦ | ੫੩੪.੦੦ |
| ੪ | ਧਾਰਮਿਕ ਪ੍ਰੀਖਿਆ ਵਜੀਫੇ | ੧੬੧ | ੬੦੨੧੦੨.੦੦ | ੦.੦੦ |
| ੫ | ਪੱਤਰ ਵਿਹਾਰ ਕੋਰਸ ਤੇ ਖੋਜ ਕੇਂਦਰ | ੨੦੧ | ੨੩੬੯੦੫.੦੦ | ੨੦੦.੦੦ |
| ੬ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੨੧ | ੯੧੨੦੧੫.੦੦ | ੫੫੦.੦੦ |
| ੭ | ਗੁਰਮਤਿ ਗਿਆਨ ਹਿੰਦੀ | ੨੫੭ | ੫੩੪੬੫.੦੦ | ੦.੦੦ |
| ੮ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੭੭ | ੪੦੭੪੯੩.੦੦ | ੦.੦੦ |
| ੯ | ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੩੧੨ | ੦.੦੦ | ੨੭੭੯੭.੦੦ |
| ੧੦ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ਼ਰੀਦ) | ੩੧੯ | ੬੫੪੯੪੦.੦੦ | ੦.੦੦ |
| ੧੧ | ਤਨਖ਼ਾਹ ਸਟਾਫ ਦਫ਼ਤਰ | ੩੪੯ | ੪੧੨੬੮੪੫.੦੦ | ੭੫੮੩੦.੦੦ |
| ੧੨ | ਤਨਖ਼ਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੫੭ | ੬੯੪੬੩੯.੦੦ | ੦.੦੦ |
| ੧੩ | ਤਨਖ਼ਾਹ ਤੇ ਸਫ਼ਰ ਖ਼ਰਚ ਅਲਾਊਂਸ ਡਰਾਈਵਰਜ਼ | ੩੬੩ | ੮੩੬੫੬੪.੦੦ | ੦.੦੦ |
| ੧੪ | ਤਨਖ਼ਾਹ ਧਾਰਮਿਕ ਟੀਚਰ | ੩੭੭ | ੧੦੬੭੮੮੩.੦੦ | ੦.੦੦ |
| ੧੫ | ਫਿਲਮਾਂ ਰਾਹੀਂ ਪ੍ਰਚਾਰ (ਤਨਖ਼ਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੯੫ | ੧੯੧੦੨੫.੦੦ | ੦.੦੦ |
| ੧੬ | ਖ਼ਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੪੧੩ | ੩੦੫੭੯.੦੦ | ੦.੦੦ |
| ੧੭ | ਟੈਲੀਫੋਨ | ੪੫੫ | ੫੮੪੩.੦੦ | ੦.੦੦ |
| ੧੮ | ਮੁਰੰਮਤ ਕੰਪਿਊਟਰ ਅਤੇ ਪ੍ਰਿੰਟਰ ਆਦਿ | ੪੭੯ | ੩੦੦.੦੦ | ੦.੦੦ |
| ੧੯ | ਸਫ਼ਰ ਖ਼ਰਚ ਮੁਲਾਜ਼ਮਾਂ | ੫੧੭ | ੧੨੫੫.੦੦ | ੦.੦੦ |
| ੨੦ | ਫੁਟਕਲ ਦਫ਼ਤਰ ਤੇ ਰੌਸ਼ਨੀ | ੫੩੭ | ੪੬੧੮.੦੦ | ੦.੦੦ |
| ੨੧ | ਬੀਮਾ ਗੱਡੀਆਂ ਤੇ ਕੈਸ਼ | ੫੪੭ | ੮੩੦੭੯.੦੦ | ੦.੦੦ |
| ੨੨ | ਬੀਮਾ ਪੇਸ਼ਗੀ ਮੁਲਾਜ਼ਮਾਂ ਮੈਡੀਕਲੇਮ | ੫੬੩ | ੦.੦੦ | ੫੨੨੮੩.੦੦ |
| ੨੩ | ਸ਼ਤਾਬਦੀਆਂ ਸਮਾਰੋਹ | ੫੭੯ | ੧੧੬੧੬੧.੦੦ | ੦.੦੦ |
| ੨੪ | ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੋਹੜ | ੬੮੧ | ੮੧੧੩੯੭.੦੦ | ੩੩੩੩੫.੦੦ |
| ੨੫ | ਗਿਆਨੀ ਸੋਹਣ ਸਿੰਘ ਸੀਤਲ ਢਾਡੀ ਕਾਲਜ,ਗੁਰੂ ਕੀ ਵਡਾਲੀ | ੬੯੭ | ੧੫੫੯੦੩.੦੦ | ੦.੦੦ |
| ੨੬ | ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੭੦੭ | ੪੪੮੧੩੧.੦੦ | ੨੨੯੫੫.੦੦ |
| ੨੭ | ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ | ੭੨੧ | ੧੨੨੩੧੧.੦੦ | ੬੦੪੪.੦੦ |

| | | | |
|---|---|---|---|
| ੪੬ ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ:ਸਫ਼ਰ ਖ਼ਰਚ ਅਤੇ ਬਿੱਲ ਆਦਿ) | ੧੧੨੧ | ੫੯੬੫੬.੦੦ | ੦.੦੦ |
| ੪੭ ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ ਕਸ਼ਮੀਰ ਸਿੱਖ ਮਿਸ਼ਨ | ੧੧੩੧ | ੩੭੮੮੩੩.੦੦ | ੨੯੬੩੩.੦੦ |
| ੪੮ ਤਨਖ਼ਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ, ਫੁਟਕਲ ਆਦਿ (ਕਾਸ਼ੀਪੁਰ) | ੧੧੪੯ | ੩੭੨੮੪੭.੦੦ | ੨੫੩੪੯.੦੦ |
| ੪੯ ਤਨਖ਼ਾਹ, ਸਫ਼ਰ ਖ਼ਰਚ ਆਦਿ ਸਿੱਖ ਮਿਸ਼ਨ ਨੇਪਾਲ | ੧੧੬੩ | ੧੦੮੫੦.੦੦ | ੦.੦੦ |
| ੫੦ ਸਹਾਇਤਾ ਡਾਕਟਰੀ ਸਹੂਲਤਾਂ ਵਾਲੀਆਂ ਵੈਨਾਂ ਅਤੇ ਫਰੀ ਦਵਾਈਆਂ ਆਦਿ | ੧੩੮੩ | ੨੩੦੮.੦੦ | ੦.੦੦ |
| ੫੧ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਿਵਾਨਾਂ ਨੂੰ ਸਨਮਾਨਤ | ੧੩੯੫ | ੧੧੭੦੦੦.੦੦ | ੦.੦੦ |
| ੫੨ ਸਹਾਇਤਾ ਬੀਬੀ ਭਾਨੀ ਕੰਨਿਆ ਨੇਤਰਹੀਣ ਵਿਦਿ: ਸੰਨ ਸਾਹਿਬ ਛੇਹਰਟਾ ਰੋਡ ਸ੍ਰੀ ਅੰਮ੍ਰਿਤਸਰ | ੧੪੫੯ | ੫੦੦੦੦.੦੦ | ੦.੦੦ |
| ੫੩ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖ਼ਰਚੇ | ੧੫੦੧ | ੩੪੧੩੦੯.੦੦ | ੫੧੯੨੯.੦੦ |
| ੫੪ ਆਮਦਨ ਕਰ | ੧੭੬੩ | ੮੮੫੦੦.੦੦ | ੯੬੦੦੦.੦੦ |
| ੫੫ ਟੀ.ਡੀ.ਐਸ. (ਅਦਾਇਗੀ ਯੋਗ) | ੧੭੮੫ | ੩੧੧੩੯.੦੦ | ੦.੦੦ |
| ੫੬ ਪ੍ਰੋਫੈਸ਼ਨਲ ਟੈਕਸ ਪੰਜਾਬ ਸਰਕਾਰ | ੧੮੪੮ | ੦.੦੦ | ੧੩੬੦੦.੦੦ |
| ੫੭ ਅਣਦਿੱਤੀ ਤਨਖ਼ਾਹ | ੨੦੦੨ | ੨੫੩੪੫.੦੦ | ੨੮੪੪੮.੦੦ |
| ੫੮ ਅਣਦਿੱਤੇ ਬਿਲਜ਼ | ੨੦੨੧ | ੮੩੬੬੩੫.੦੦ | ੦.੦੦ |
| ੫੯ ਅਮਾਨਤ ਜਨਰਲ | ੨੦੪੩ | ੦.੦੦ | ੧੦੬੪੧੩.੦੦ |
| ੬੦ ਪੇਸ਼ਗੀ ਜਨਰਲ | ੨੦੫੩ | ੧੮੩੮੦੦੦.੦੦ | ੭੧੪.੦੦ |
| ੬੧ ਪੇਸ਼ਗੀ ਤਨਖ਼ਾਹ | ੨੨੩੬ | ੧੩੭੦੦੦.੦੦ | ੨੦੦੦੦.੦੦ |
| ੬੨ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੨੩੧੧ | ੨੪੭੮੬੭.੦੦ | ੧੧੪੬੦੫.੦੦ |
| ੬੩ ਅਮਾਨਤ ਕਿਰਾਇਆ ਰੋਸ਼ਨੀ ਗੁ:ਮੰਜੀ ਸਾਹਿਬ ਆਲਮਗੀਰ | ੨੩੨੫ | ੦.੦੦ | ੬੩੬.੦੦ |
| ੬੪ ਅਮਾਨਤ ਕਿਰਾਇਆ ਸ੍ਰੀ ਫਤਹਿਗੜ੍ਹ ਸਾਹਿਬ | ੨੩੨੯ | ੦.੦੦ | ੮੦੦੦.੦੦ |
| ੬੫ ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੨੩੩੫ | ੦.੦੦ | ੨੩੮੦੬.੦੦ |
| ੬੬ ਅਮਾਨਤ ਸ਼੍ਰੋਮਣੀ ਕਮੇਟੀ | ੨੩੪੪ | ੬੭੩੬੯.੦੦ | ੪੧੧੧੦.੦੦ |
| ੬੭ ਅਮਾਨਤ ਕਿਰਾਇਆ ਸ੍ਰੀ ਦੂਖ ਨਿਵਾਰਨ ਸਾਹਿਬ (ਗੁ:ਸ੍ਰੀ ਮੋਤੀ ਬਾਗ) ਪਟਿਆਲਾ | ੨੩੬੧ | ੦.੦੦ | ੨੫੦੦.੦੦ |
| ੬੮ ਅਮਾਨਤ ਕਿਰਾਇਆ ਤਖ਼ਤ ਸ੍ਰੀ ਕੇਸਗੜ ਸਾਹਿਬ ਸ੍ਰੀ ਅਨੰਦਪੁਰ | ੨੩੬੩ | ੦.੦੦ | ੧੨੯੮.੦੦ |
| ੬੯ ਪ੍ਰੋ: ਫੰਡ ਸਟਾਫ਼ | ੨੩੭੫ | ੩੬੨੪੩੯੨.੦੦ | ੩੬੨੪੩੯੨.੦੦ |
| ੭੦ S.B. a/c no.੬੫੦੩੮੬੦੦੪੯੦ SBI, | | | |

